# ਦਫ਼ਤਰ ਡਿਪਟੀ ਕਮਿਸ਼ਨਰ, ਬਠਿੰਡਾ

ਵੱਲ

ਸਮੂਹ ਵਿਭਾਗਾਂ ਦੇ ਮੁੱਖੀ,
ਜ਼ਿਲ੍ਹਾ ਬਠਿੰਡਾ।
(ਨਾਲ ਨੱਥੀ ਲਿਸਟ ਅਨੁਸਾਰ)

ਪੱਤਰ ਨੰ: 7913-8012 ਮਿਤੀ 21/10/2027

ਵਿਸ਼ਾ: **ਜ਼ਿਲ੍ਹੇ ਵਿੱਚ ਝੋਨੇ ਦੀ ਪਰਾਲੀ ਦੀ ਸੁਚੱਜੀ ਸੰਭਾਲ ਲਈ ਡਿਊਟੀ ਨਿਭਾ ਰਹੇ ਅਧਿਕਾਰੀਆਂ/ ਕਰਮਚਾਰੀਆਂ ਦੀ ਨਾ ਮੰਨਜ਼ੂਰ/ ਰੱਦ ਕਰਨ ਸਬੰਧੀ।**

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਦੇ ਧਿਆਨ ਵਿੱਚ ਲਿਆਇਆ ਜਾਂਦਾ ਹੈ ਕਿ ਜ਼ਿਲ੍ਹੇ ਵਿੱਚ ਸਾਉਣੀ 2024 ਦੌਰਾਨ ਝੋਨੇ ਦੀ ਪਰਾਲੀ ਦੀ ਸੁਚੱਜੀ ਸੰਭਾਲ ਲਈ ਵੱਖ-ਵੱਖ ਵਿਭਾਗਾਂ ਵਿੱਚੋਂ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਡਿਊਟੀ ਬਤੌਰ ਨੋਡਲ ਅਫ਼ਸਰ, ਕਲੱਸਟਰ ਅਫ਼ਸਰ ਅਤੇ ਸਪੈਸ਼ਲ ਸੁਪਰਵਾਈਜ਼ਰ ਲਗਾਈ ਗਈ ਹੈ। ਨਿਮਨ ਹਸਤਾਖਰ ਦੇ ਧਿਆਨ ਵਿੱਚ ਆਇਆ ਹੈ ਕਿ ਕੁਝ ਅਧਿਕਾਰੀ/ ਕਰਮਚਾਰੀ ਆਪਣੇ ਵਿਭਾਗ ਤੋਂ ਛੁੱਟੀ ਲੈ ਕੇ ਜਾ ਰਹੇ ਹਨ, ਜਿਸ ਨਾਲ ਜ਼ਿਲ੍ਹੇ ਵਿੱਚ ਝੋਨੇ ਦੀ ਪਰਾਲੀ ਦੀ ਸੁਚੱਜੀ ਸੰਭਾਲ ਦਾ ਕੰਮ ਪ੍ਰਭਾਵਿਤ ਹੋ ਰਿਹਾ ਹੈ। ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪ ਅਧੀਨ ਕੰਮ ਕਰ ਰਹੇ ਸਟਾਫ, ਜਿਸ ਦੀ ਡਿਊਟੀ ਪਰਾਲੀ ਪ੍ਰਬੰਧਨ ਵਿੱਚ ਲੱਗੀ ਹੋਈ ਹੈ, ਦੀ ਛੁੱਟੀ ਨਿਮਨ ਹਸਤਾਖਰ ਦੀ ਮੰਨਜ਼ੂਰੀ ਤੋਂ ਬਿਨ੍ਹਾਂ ਪ੍ਰਵਾਨ ਨਾ ਕੀਤੀ ਜਾਵੇ ਅਤੇ ਜੇਕਰ ਅਜਿਹੇ ਕਿਸੇ ਵੀ ਅਧਿਕਾਰੀ/ ਕਰਮਚਾਰੀ ਦੀ ਛੁੱਟੀ ਆਪ ਵੱਲੋਂ ਮੰਨਜ਼ੂਰ ਕੀਤੀ ਗਈ ਹੈ ਤਾਂ ਉਸ ਨੂੰ ਰੱਦ ਕਰਦੇ ਹੋਏ ਸਬੰਧਤ ਅਧਿਕਾਰੀ/ ਕਰਮਚਾਰੀ ਨੂੰ ਤੁਰੰਤ ਪ੍ਰਭਾਵ ਤੋਂ ਆਪਣੀ ਡਿਊਟੀ 'ਤੇ ਹਾਜ਼ਰ ਹੋਣ ਦੀ ਹਦਾਇਤ ਕੀਤੀ ਜਾਵੇ ਅਤੇ ਜੇਕਰ ਸਬੰਧਤ ਅਧਿਕਾਰੀ/ ਕਰਮਚਾਰੀ ਆਪਣੀ ਡਿਊਟੀ 'ਤੇ ਹਾਜ਼ਰ ਨਹੀਂ ਹੁੰਦਾ ਤਾਂ ਇਸ ਸਬੰਧੀ ਨਿਮਨ ਹਸਤਾਖਰ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਸਬੰਧਤ ਅਧਿਕਾਰੀ/ ਕਰਮਚਾਰੀ ਵਿਰੁੱਧ CAQM ਦੀਆਂ ਹਦਾਇਤਾਂ ਮੁਤਾਬਿਕ ਕਾਰਵਾਈ ਕੀਤੀ ਜਾ ਸਕੇ।

ਡਿਪਟੀ ਕਮਿਸ਼ਨਰ,
ਬਠਿੰਡਾ

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

ਪਿਠ ਅੰਕਣ ਨੰ :ਜੀ-1/1 ( )2024/ 11119 ਮਿਤੀ: 21.10.24

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ ,ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਅਨੁਸਾਰ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।